# PUNJAB STATE INFORMATION COMMISSION
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**


ਸ਼੍ਰੀ ਨਿਤਿਨ ਡੋਗਰਾ, ਐਡਵੋਕੇਟ, (99881-15878)
ਚੈਂਬਰ ਨੰ:240,
ਜ਼ਿਲ੍ਹਾ ਕੋਰਟਸ ਕੰਪਲੈਕਸ,
ਪਠਾਨਕੋਟ। ..........ਸ਼ਿਕਾਇਤਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਕਮਿਸ਼ਨਰ,
ਜਲੰਧਰ ਡਿਵੀਜ਼ਨ-ਕਮ-
ਆਰਬੀਟਰੇਟਰ,
ਜਲੰਧਰ।

ਸ਼੍ਰੀ ਅਸ਼ੋਕ ਕੁਮਾਰ ਵਧਾਵਨ,
ਸੁਪਰਡੰਟ-ਕਮ-ਲੋਕ ਸੂਚਨਾ ਅਧਿਕਾਰੀ,
ਦਫਤਰ ਕਮਿਸ਼ਨਰ,
ਜਲੰਧਰ ਡਿਵੀਜ਼ਨ-ਕਮ-
ਆਰਬੀਟਰੇਟਰ,
ਜਲੰਧਰ। .......... ਉੱਤਰਦਾਤਾ

**ਸ਼ਿਕਾਇਤ ਕੇਸ ਨੰ:961 ਆਫ਼ 2018**

**ਹਾਜ਼ਰ:-** 1) ਸ਼ਿਕਾਇਤਕਰਤਾ ਵੱਲੋਂ ਸ਼੍ਰੀ ਸੁਨੀਲ ਢਡਵਾਲ।
2) ਉੱਤਰਦਾਤਾ, ਸ਼੍ਰੀ ਅਸ਼ੋਕ ਕੁਮਾਰ ਵਧਾਵਨ, ਸੁਪਰਡੰਟ-ਕਮ-ਲੋਕ ਸੂਚਨਾ ਅਧਿਕਾਰੀ, (98150-35113) ਅਤੇ ਸ਼੍ਰੀ ਮਨਜੀਤ ਸਿੰਘ।

**ਹਕਮ:**

ਸ਼ਿਕਾਇਤਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 02-04-2018, ਲੋਕ ਸੂਚਨਾ ਅਧਿਕਾਰੀ ਦਫਤਰ ਕਮਿਸ਼ਨਰ, ਜਲੰਧਰ ਡਿਵੀਜ਼ਨ-ਕਮ-ਆਰਬੀਟਰੇਟਰ, ਜਲੰਧਰ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਸ਼੍ਰੀ ਇੰਦਰਜੀਤ ਸਿੰਘ, ਜ਼ਿਲ੍ਹਾ ਜੱਜ, ਜਲੰਧਰ ਵੱਲੋਂ Arb./0100033/2010 "Union of India and Anr. Versus Surjit Singh and Ors.- ਕੇਸ ਵਿੱਚ ਮਿਤੀ 05-11/2011 ਨੂੰ ਪਾਸ ਕੀਤੇ ਗਏ ਹੁਕਮਾਂ ਅਨੁਸਾਰ ਕੀਤੀ ਗਈ ਕਾਰਵਾਈ ਨਾਲ ਸਬੰਧਤ 4 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 11-09-2018 ਨੂੰ ਕਮਿਸ਼ਨ ਕੋਲ ਸ਼ਿਕਾਇਤ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 16-10-2018 ਨੂੰ ਪਹਿਲੀ ਸੁਣਵਾਈ ਮਿਤੀ 14-11-2018 ਨੂੰ ਸਵੇਰੇ 11:30 ਵਜੇ ਲਈ ਨੋਟਿਸ ਜਾਰੀ ਕੀਤਾ ਗਿਆ ਸੀ।

2. ਅੱਜ ਪੇਸ਼ੀ ਸਮੇਂ ਦੋਵੇਂ ਧਿਰਾਂ ਨੂੰ ਸੁਣਿਆ ਗਿਆ। ਉੱਤਰਦਾਤਾ, ਸ਼੍ਰੀ ਅਸ਼ੋਕ ਕੁਮਾਰ ਵਧਾਵਨ,

ਚਲਦਾ----ਪੰਨਾ/2

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**



<u>ਸ਼ਿਕਾਇਤ ਕੇਸ ਨੰ:961 ਆਫ਼ 2018</u>

ਸੁਪਰਡੰਟ-ਕਮ-ਲੋਕ ਸੂਚਨਾ ਅਧਿਕਾਰੀ ਨੇ ਕਮਿਸ਼ਨ ਦੇ ਅੰਤ੍ਰਿਮ ਹੁਕਮ, ਮਿਤੀ 05-02-2019 ਰਾਹੀਂ ਜਾਰੀ ਕੀਤੇ ਗਏ ਕਾਰਨ-ਦੱਸੋ ਨੋਟਿਸ ਸਬੰਧੀ ਆਪਣੇ ਪੱਤਰ, ਨੰ:72, ਮਿਤੀ 08-03-2019 ਨਾਲ ਹਲਫੀਆ-ਬਿਆਨ ਰਾਹੀਂ ਸਪੱਸ਼ਟੀਕਰਣ ਪੇਸ਼ ਕਰਦੇ ਹੋਏ ਦੱਸਿਆ ਹੈ ਕਿ ਸ਼ਿਕਾਇਤਕਰਤਾ ਨੂੰ ਸੂਚਨਾ ਦਿੱਤੀ ਜਾ ਚੁੱਕੀ ਹੈ। ਇਸ ਤੋਂ ਇਲਾਵਾ ਉਨ੍ਹਾਂ ਵੱਲੋਂ ਭਵਿੱਖ ਵਿੱਚ ਸੂਚਨਾ ਦਾ ਅਧਿਕਾਰ ਐਕਟ, 2005 ਨਾਲ ਸਬੰਧਤ ਮਾਮਲਿਆਂ ਨੂੰ ਨਿਪਟਾਉਣ ਵੱਲ ਵਿਸ਼ੇਸ਼ ਧਿਆਨ ਦੇਣ ਅਤੇ ਕਮਿਸ਼ਨ ਦੇ ਹੁਕਮਾਂ ਦੀ ਪਾਲਣਾ ਕਰਨ ਦਾ ਭਰੋਸਾ ਵੀ ਦਿੱਤਾ ਗਿਆ ਹੈ।ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ ਕੀਤਾ ਗਿਆ ਹਲਫੀਆ-ਬਿਆਨ ਮਿਸਲ ਤੇ ਰੱਖ ਲਿਆ ਗਿਆ ਹੈ। ਸ਼ਿਕਾਇਤਕਰਤਾ ਵੱਲੋਂ ਆਪਣੇ ਅਧਿਕਾਰਿਤ ਨੁਮਾਇੰਦੇ, ਸ਼੍ਰੀ ਸੁਨੀਲ ਫਡਵਾਲ ਰਾਹੀਂ ਪੱਤਰ, ਮਿਤੀ 11-03-2019 ਪੇਸ਼ ਕਰਦੇ ਹੋਏ ਇਹ ਕੇਸ ਵਾਪਸ ਲੈਣ ਦੀ ਇੱਛਾ ਪ੍ਰਗਟਾਈ ਹੈ। ਸ਼ਿਕਾਇਤਕਰਤਾ ਵੱਲੋਂ ਪੇਸ਼ ਕੀਤਾ ਗਿਆ ਪੱਤਰ ਮਿਸਲ ਤੇ ਰੱਖ ਲਿਆ ਗਿਆ ਹੈ।

3. ਉਪਰੋਕਤ ਦਰਸਾਈ ਗਈ ਸਥਿਤੀ ਦੇ ਸਨਮੁੱਖ ਸ਼੍ਰੀ ਅਸ਼ੋਕ ਕੁਮਾਰ ਵਧਾਵਨ, ਸੁਪਰਡੰਟ-ਕਮ-ਲੋਕ ਸੂਚਨਾ ਅਧਿਕਾਰੀ ਵੱਲੋਂ ਪੇਸ਼ ਕੀਤਾ ਗਿਆ ਸਪੱਸ਼ਟੀਕਰਣ ਪ੍ਰਵਾਨ ਕਰਦੇ ਹੋਏ ਉਸ ਵਿਰੁੱਧ ਕਮਿਸ਼ਨ ਵੱਲੋਂ ਮਿਤੀ 05-02-2019 ਨੂੰ ਜਾਰੀ ਕੀਤਾ ਗਿਆ **<u>ਕਾਰਨ-ਦੱਸੋ ਨੋਟਿਸ ਖਾਰਜ ਕੀਤਾ ਜਾਂਦਾ</u>** ਹੈ ਅਤੇ ਸ਼ਿਕਾਇਤਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **<u>ਸ਼ਿਕਾਇਤ ਕੇਸ ਦਾਖਲ ਦਫ਼ਤਰ</u>** ਕੀਤਾ ਜਾਂਦਾ ਹੈ।

(ਨਿਧੜਕ ਸਿੰਘ ਬਰਾੜ)
ਰਾਜ ਸੂਚਨਾ ਕਮਿਸ਼ਨਰ, ਪੰਜਾਬ।

ਮਿਤੀ: ਚੰਡੀਗੜ੍ਹ, 11 ਮਾਰਚ, 2019.

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਰਿਖੀ ਰਾਮ, (98788-04573)
ਪੁੱਤਰ ਸ਼੍ਰੀ ਲੇਖਾ ਰਾਮ ਰਾਣਾ
ਵਾਸੀ ਪਿੰਡ ਤੇ ਡਾਕਖਾਨਾ ਸਮਰਾੜੀ,
ਤਹਿਸੀਲ ਫਿਲੌਰ,
ਜ਼ਿਲ੍ਹਾ ਜਲੰਧਰ। ........ਸ਼ਿਕਾਇਤਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫ਼ਤਰ ਜ਼ਿਲ੍ਹਾ ਵਿਕਾਸ ਤੇ ਪੰਚਾਇਤ ਅਫਸਰ,
ਜਲੰਧਰ। ........ ਉੱਤਰਦਾਤਾ

**ਸ਼ਿਕਾਇਤ ਕੇਸ ਨੰ:1214 ਆਫ਼ 2018**

**ਹਾਜ਼ਰ:-** 1) ਸ਼੍ਰੀ ਰਿਖੀ ਰਾਮ, ਸ਼ਿਕਾਇਤਕਰਤਾ।
2) ਉੱਤਰਦਾਤਾ ਵੱਲੋਂ ਕੋਈ ਵੀ ਨਹੀਂ।

**ਹੁਕਮ:**

ਸ਼ਿਕਾਇਤਕਰਤਾ ਨੇ ਅੱਜ ਪੇਸ਼ੀ ਸਮੇਂ ਦੱਸਿਆ ਹੈ ਕਿ ਉਸ ਨੂੰ ਅਜੇ ਤੱਕ ਮੰਗੀ ਗਈ ਸੂਚਨਾ ਪ੍ਰਾਪਤ ਨਹੀਂ ਹੋਈ। ਇਸ ਲਈ ਉਸ ਨੇ ਸੂਚਨਾ ਮੁਹੱਈਆ ਕਰਾਉਣ ਲਈ ਬੇਨਤੀ ਕੀਤੀ ਹੈ। ਉੱਤਰਦਾਤਾ ਵੱਲੋਂ ਲਗਾਤਾਰ ਦੋ ਪੇਸ਼ੀਆਂ ਤੇ ਕੋਈ ਵੀ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਹੈ ਜਿਸ ਦਾ ਕਮਿਸ਼ਨ ਨੇ ਗੰਭੀਰ ਨੋਟਿਸ ਲਿਆ ਹੈ। ਇਸ ਲਈ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਸਖਤ ਹਦਾਇਤ ਕੀਤੀ ਜਾਂਦੀ ਹੈ ਕਿ ਆਰ.ਟੀ.ਆਈ. ਐਕਟ, 2005 ਤਹਿਤ ਬਣਦੀ ਸੂਚਨਾ ਸ਼ਿਕਾਇਤਕਰਤਾ ਨੂੰ ਪੇਸ਼ੀ ਦੀ ਅਗਲੀ ਮਿਤੀ ਤੋਂ ਪਹਿਲਾਂ-ਪਹਿਲਾਂ ਰਜਿਸਟਰਡ ਡਾਕ ਰਾਹੀਂ ਭੇਜਦੇ ਹੋਏ ਕਮਿਸ਼ਨ ਨੂੰ ਸੂਚਿਤ ਕੀਤਾ ਜਾਵੇ ਅਤੇ ਪੇਸ਼ੀ ਤੇ ਨਿੱਜੀ ਤੌਰ ਤੇ ਹਾਜ਼ਰ ਹੋ ਕੇ ਲਗਾਤਾਰ ਪੇਸ਼ੀਆਂ ਤੇ ਹਾਜ਼ਰ ਨਾ ਹੋਣ ਬਾਰੇ ਸਪੱਸ਼ਟੀਕਰਣ ਵੀ ਪੇਸ਼ ਕੀਤਾ ਜਾਵੇ। ਅਜਿਹਾ ਨਾ ਕਰਨ ਦੀ ਸੂਰਤ ਵਿੱਚ ਉਨ੍ਹਾਂ ਵਿਰੁੱਧ ਸੂਚਨਾ ਦਾ ਅਧਿਕਾਰ ਐਕਟ, 2005 ਤਹਿਤ ਬਣਦੀ ਇਕਤਰਫ਼ਾ ਅਗਲੇਰੀ ਕਾਰਵਾਈ ਆਰੰਭ ਕਰ ਦਿੱਤੀ ਜਾਵੇਗੀ। ਇਸ ਹਦਾਇਤ ਦੇ ਨਾਲ ਇਹ ਕੇਸ **ਅਗਲੀ ਸੁਣਵਾਈ ਮਿਤੀ 09-04-2019 ਨੂੰ ਸਵੇਰੇ 11-30 ਵਜੇ ਲਈ** ਨਿਸਚਿਤ ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
ਮਿਤੀ: ਚੰਡੀਗੜ੍ਹ, 11 ਮਾਰਚ, 2019. ਰਾਜ ਸੂਚਨਾ ਕਮਿਸ਼ਨਰ, ਪੰਜਾਬ

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਅਵਤਾਰ ਸਿੰਘ, (79860-54105)
ਪੁੱਤਰ ਸ਼੍ਰੀ ਗੁਰਦੇਵ ਸਿੰਘ,
ਵਾਸੀ ਪਿੰਡ ਨਗਲਾ,
ਡਾਕਖਾਨਾ ਢਕੌਲੀ,
ਜ਼ਿਲ੍ਹਾ ਮੁਹਾਲੀ। ...........ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫ਼ਤਰ ਡਾਇਰੈਕਟਰ,
ਮਾਈਨਿੰਗ ਪੰਜਾਬ,
ਚੰਡੀਗੜ੍ਹ।

ਪਹਿਲੀ ਅਪੀਲੀ ਅਥਾਰਟੀ-ਕਮ-
ਜਨਰਲ ਮੈਨੇਜਰ, ਮਾਈਨਿੰਗ,
ਇੰਡਸਟ੍ਰੀਅਲ ਏਰੀਆ,
ਫੇਸ-6, ਮੁਹਾਲੀ। ........ ਉੱਤਰਦਾਤਾ

**ਅਪੀਲ ਕੇਸ ਨੰ:2420 ਆਫ਼ 2018**

**ਹਾਜ਼ਰ:-**

1) ਅਪੀਲਕਰਤਾ ਵੱਲੋਂ ਸ਼੍ਰੀ ਐਚ.ਬੀ.ਐਸ. ਬੇਦਵਾਨ, ਐਡਵੋਕੇਟ (98151-63800)।
2) ਉੱਤਰਦਾਤਾ ਵੱਲੋਂ ਕੋਈ ਵੀ ਨਹੀਂ।

**ਹਕਮ:**

ਅਪੀਲਕਰਤਾ ਵੱਲੋਂ ਹਾਜ਼ਰ ਸ਼੍ਰੀ ਐਚ.ਬੀ.ਐਸ. ਬੇਦਵਾਨ, ਐਡਵੋਕੇਟ, ਨੇ ਦੱਸਿਆ ਹੈ ਕਿ ਉਨ੍ਹਾਂ ਨੂੰ ਅਜੇ ਤੱਕ ਮੰਗੀ ਗਈ ਸੂਚਨਾ ਪ੍ਰਾਪਤ ਨਹੀਂ ਹੋਈ। ਇਸ ਲਈ ਉਨ੍ਹਾਂ ਨੇ ਸੂਚਨਾ ਮੁਹੱਈਆ ਕਰਾਉਣ ਦੀ ਬੇਨਤੀ ਕੀਤੀ ਹੇ।

2. ਕਮਿਸ਼ਨ ਦੇ ਅੰਤ੍ਰਿਮ ਹੁਕਮ, ਮਿਤੀ 06-02-2019 ਰਾਹੀਂ ਉੱਤਰਦਾਤਾ, ਪਹਿਲੀ ਅਪੀਲੀ ਅਥਾਰਟੀ-ਕਮ-ਜਨਰਲ ਮੈਨੇਜਰ-ਕਮ-ਮਾਈਨਿੰਗ ਅਫਸਰ, ਜ਼ਿਲ੍ਹਾ ਉਦਯੋਗ ਕੇਂਦਰ, ਐਸ.ਏ.ਐਸ. ਨਗਰ ਨੂੰ ਸਖਤ ਹਦਾਇਤ ਕੀਤੀ ਗਈ ਸੀ ਕਿ ਲੋਕ ਸੂਚਨਾ ਅਧਿਕਾਰੀ ਦਫ਼ਤਰ ਡਾਇਰੈਕਟਰ, ਮਾਈਨਿੰਗ ਪੰਜਾਬ ਨੂੰ ਲੋੜੀਂਦਾ ਰਿਕਾਰਡ ਤੁਰੰਤ ਮੁਹੱਈਆ ਕਰਵਾਇਆ ਜਾਵੇ ਅਤੇ ਪੇਸ਼ੀ ਤੇ ਨਿੱਜੀ ਤੇ ਹਾਜ਼ਰ ਹੋਣਾ ਵੀ ਯਕੀਨੀ ਬਣਾਇਆ ਜਾਵੇ।ਅਜਿਹਾ ਨਾ ਕਰਨ ਦੀ ਸੂਰਤ ਵਿੱਚ ਉਨ੍ਹਾਂ ਵਿਰੁੱਧ ਸੂਚਨਾ ਦਾ ਅਧਿਕਾਰ ਐਕਟ, 2005 ਦੇ ਉਪਬੰਧਾਂ ਤਹਿਤ ਬਣਦੀ ਅਗਲੇਰੀ ਇਕਤਰਫਾ ਕਾਰਵਾਈ ਆਰੰਭ ਕਰ ਦਿੱਤੀ ਜਾਵੇਗੀ। ਉੱਤਰਦਾਤਾ ਵੱਲੋਂ ਅੱਜ ਕੋਈ ਵੀ ਹਾਜ਼ਰ ਨਹੀਂ ਹੋਇਆ ਪਰੰਤੂ ਉਨ੍ਹਾਂ ਵੱਲੋਂ ਫੋਨ ਰਾਹੀਂ ਪੇਸ਼ੀ ਲਈ ਅਗਲੀ ਮਿਤੀ ਦੇਣ ਲਈ ਬੇਨਤੀ ਕੀਤੀ ਗਈ ਹੈ। ਉੱਤਰਦਾਤਾ ਦੀ ਬੇਨਤੀ ਅਨੁਸਾਰ ਇਹ ਕੇਸ **ਅਗਲੀ ਸੁਣਵਾਈ ਮਿਤੀ 10-04-2019 ਨੂੰ 11.30 ਵਜੇ ਲਈ** ਨਿਸਚਿਤ ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਮਿਤੀ: ਚੰਡੀਗੜ੍ਹ, 11 ਮਾਰਚ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਅਵਤਾਰ ਸਿੰਘ, (79860-54105)
ਪੁੱਤਰ ਸ਼੍ਰੀ ਗੁਰਦੇਵ ਸਿੰਘ,
ਵਾਸੀ ਪਿੰਡ ਨਗਲਾ,
ਡਾਕਖਾਨਾ ਢਕੌਲੀ,
ਜ਼ਿਲ੍ਹਾ ਮੁਹਾਲੀ। ...........ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫ਼ਤਰ ਡਾਇਰੈਕਟਰ,
ਮਾਈਨਿੰਗ ਪੰਜਾਬ,
ਚੰਡੀਗੜ੍ਹ।

ਪਹਿਲੀ ਅਪੀਲੀ ਅਥਾਰਟੀ-ਕਮ-
ਜਨਰਲ ਮੈਨੇਜਰ, ਮਾਈਨਿੰਗ,
ਇੰਡਸਟ੍ਰੀਅਲ ਏਰੀਆ,
ਫੇਸ-6, ਮੁਹਾਲੀ। ........ ਉੱਤਰਦਾਤਾ

**ਅਪੀਲ ਕੇਸ ਨੰ:2421 ਆਫ਼ 2018**

**ਹਾਜ਼ਰ:-**

1) ਅਪੀਲਕਰਤਾ ਵੱਲੋਂ ਸ਼੍ਰੀ ਐਚ.ਬੀ.ਐਸ. ਬੇਦਵਾਨ, ਐਡਵੋਕੇਟ (98151-63800)।
2) ਉੱਤਰਦਾਤਾ ਵੱਲੋਂ ਕੋਈ ਵੀ ਨਹੀਂ।

**ਹਕਮ:**

ਅਪੀਲਕਰਤਾ ਵੱਲੋਂ ਹਾਜ਼ਰ ਸ਼੍ਰੀ ਐਚ.ਬੀ.ਐਸ. ਬੇਦਵਾਨ, ਐਡਵੋਕੇਟ, ਨੇ ਦੱਸਿਆ ਹੈ ਕਿ ਉਨ੍ਹਾਂ ਨੂੰ ਅਜੇ ਤੱਕ ਮੰਗੀ ਗਈ ਸੂਚਨਾ ਪ੍ਰਾਪਤ ਨਹੀਂ ਹੋਈ। ਇਸ ਲਈ ਉਨ੍ਹਾਂ ਨੇ ਸੂਚਨਾ ਮੁਹੱਈਆ ਕਰਾਉਣ ਦੀ ਬੇਨਤੀ ਕੀਤੀ ਹੇ।

2. ਕਮਿਸ਼ਨ ਦੇ ਅੰਤ੍ਰਿਮ ਹੁਕਮ, ਮਿਤੀ 06-02-2019 ਰਾਹੀਂ ਉੱਤਰਦਾਤਾ, ਪਹਿਲੀ ਅਪੀਲੀ ਅਥਾਰਟੀ-ਕਮ-ਜਨਰਲ ਮੈਨੇਜਰ-ਕਮ-ਮਾਈਨਿੰਗ ਅਫਸਰ, ਜ਼ਿਲ੍ਹਾ ਉਦਯੋਗ ਕੇਂਦਰ, ਐਸ.ਏ.ਐਸ. ਨਗਰ ਨੂੰ ਸਖਤ ਹਦਾਇਤ ਕੀਤੀ ਗਈ ਸੀ ਕਿ ਲੋਕ ਸੂਚਨਾ ਅਧਿਕਾਰੀ ਦਫ਼ਤਰ ਡਾਇਰੈਕਟਰ, ਮਾਈਨਿੰਗ ਪੰਜਾਬ ਨੂੰ ਲੋੜੀਂਦਾ ਰਿਕਾਰਡ ਤੁਰੰਤ ਮੁਹੱਈਆ ਕਰਵਾਇਆ ਜਾਵੇ ਅਤੇ ਪੇਸ਼ੀ ਤੇ ਨਿੱਜੀ ਤੇ ਹਾਜ਼ਰ ਹੋਣਾ ਵੀ ਯਕੀਨੀ ਬਣਾਇਆ ਜਾਵੇ।ਅਜਿਹਾ ਨਾ ਕਰਨ ਦੀ ਸੂਰਤ ਵਿੱਚ ਉਨ੍ਹਾਂ ਵਿਰੁੱਧ ਸੂਚਨਾ ਦਾ ਅਧਿਕਾਰ ਐਕਟ, 2005 ਦੇ ਉਪਬੰਧਾਂ ਤਹਿਤ ਬਣਦੀ ਅਗਲੇਰੀ ਇਕਤਰਫਾ ਕਾਰਵਾਈ ਆਰੰਭ ਕਰ ਦਿੱਤੀ ਜਾਵੇਗੀ। ਉੱਤਰਦਾਤਾ ਵੱਲੋਂ ਅੱਜ ਕੋਈ ਵੀ ਹਾਜ਼ਰ ਨਹੀਂ ਹੋਇਆ ਪਰੰਤੂ ਉਨ੍ਹਾਂ ਵੱਲੋਂ ਫੋਨ ਰਾਹੀਂ ਪੇਸ਼ੀ ਲਈ ਅਗਲੀ ਮਿਤੀ ਦੇਣ ਲਈ ਬੇਨਤੀ ਕੀਤੀ ਗਈ ਹੈ। ਉੱਤਰਦਾਤਾ ਦੀ ਬੇਨਤੀ ਅਨੁਸਾਰ ਇਹ ਕੇਸ **ਅਗਲੀ ਸੁਣਵਾਈ ਮਿਤੀ 10-04-2019 ਨੂੰ 11.30 ਵਜੇ ਲਈ** ਨਿਸਚਿਤ ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
**ਮਿਤੀ: ਚੰਡੀਗੜ੍ਹ, 11 ਮਾਰਚ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**


ਸ਼੍ਰੀ ਅਵਤਾਰ ਸਿੰਘ, (79860-54105)
ਪੁੱਤਰ ਸ਼੍ਰੀ ਗੁਰਦੇਵ ਸਿੰਘ,
ਵਾਸੀ ਪਿੰਡ ਨਗਲਾ,
ਡਾਕਖਾਨਾ ਢਕੌਲੀ,
ਜ਼ਿਲ੍ਹਾ ਮੁਹਾਲੀ। ..........ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫ਼ਤਰ ਡਾਇਰੈਕਟਰ,
ਮਾਈਨਿੰਗ ਪੰਜਾਬ,
ਚੰਡੀਗੜ੍ਹ।

ਪਹਿਲੀ ਅਪੀਲੀ ਅਥਾਰਟੀ-ਕਮ-
ਜਨਰਲ ਮੈਨੇਜਰ, ਮਾਈਨਿੰਗ,
ਇੰਡਸਟ੍ਰੀਅਲ ਏਰੀਆ,
ਫੇਸ-6, ਮੁਹਾਲੀ। ........ ਉੱਤਰਦਾਤਾ

**ਅਪੀਲ ਕੇਸ ਨੰ:2422 ਆਫ਼ 2018**

**ਹਾਜ਼ਰ:-**

1) ਅਪੀਲਕਰਤਾ ਵੱਲੋਂ ਸ਼੍ਰੀ ਐਚ.ਬੀ.ਐਸ. ਬੇਦਵਾਨ, ਐਡਵੋਕੇਟ (98151-63800)।
2) ਉੱਤਰਦਾਤਾ ਵੱਲੋਂ ਕੋਈ ਵੀ ਨਹੀਂ।

**ਹਕਮ:**

ਅਪੀਲਕਰਤਾ ਵੱਲੋਂ ਹਾਜ਼ਰ ਸ਼੍ਰੀ ਐਚ.ਬੀ.ਐਸ. ਬੇਦਵਾਨ, ਐਡਵੋਕੇਟ, ਨੇ ਦੱਸਿਆ ਹੈ ਕਿ ਉਨ੍ਹਾਂ ਨੂੰ ਅਜੇ ਤੱਕ ਮੰਗੀ ਗਈ ਸੂਚਨਾ ਪ੍ਰਾਪਤ ਨਹੀਂ ਹੋਈ। ਇਸ ਲਈ ਉਨ੍ਹਾਂ ਨੇ ਸੂਚਨਾ ਮੁਹੱਈਆ ਕਰਾਉਣ ਦੀ ਬੇਨਤੀ ਕੀਤੀ ਹੇ।

2. ਕਮਿਸ਼ਨ ਦੇ ਅੰਤ੍ਰਿਮ ਹੁਕਮ, ਮਿਤੀ 06-02-2019 ਰਾਹੀਂ ਉੱਤਰਦਾਤਾ, ਪਹਿਲੀ ਅਪੀਲੀ ਅਥਾਰਟੀ-ਕਮ-ਜਨਰਲ ਮੈਨੇਜਰ-ਕਮ-ਮਾਈਨਿੰਗ ਅਫਸਰ, ਜ਼ਿਲ੍ਹਾ ਉਦਯੋਗ ਕੇਂਦਰ, ਐਸ.ਏ.ਐਸ. ਨਗਰ ਨੂੰ ਸਖਤ ਹਦਾਇਤ ਕੀਤੀ ਗਈ ਸੀ ਕਿ ਲੋਕ ਸੂਚਨਾ ਅਧਿਕਾਰੀ ਦਫ਼ਤਰ ਡਾਇਰੈਕਟਰ, ਮਾਈਨਿੰਗ ਪੰਜਾਬ ਨੂੰ ਲੋੜੀਂਦਾ ਰਿਕਾਰਡ ਤੁਰੰਤ ਮੁਹੱਈਆ ਕਰਵਾਇਆ ਜਾਵੇ ਅਤੇ ਪੇਸ਼ੀ ਤੇ ਨਿੱਜੀ ਤੇ ਹਾਜ਼ਰ ਹੋਣਾ ਵੀ ਯਕੀਨੀ ਬਣਾਇਆ ਜਾਵੇ।ਅਜਿਹਾ ਨਾ ਕਰਨ ਦੀ ਸੂਰਤ ਵਿੱਚ ਉਨ੍ਹਾਂ ਵਿਰੁੱਧ ਸੂਚਨਾ ਦਾ ਅਧਿਕਾਰ ਐਕਟ, 2005 ਦੇ ਉਪਬੰਧਾਂ ਤਹਿਤ ਬਣਦੀ ਅਗਲੇਰੀ ਇਕਤਰਫਾ ਕਾਰਵਾਈ ਆਰੰਭ ਕਰ ਦਿੱਤੀ ਜਾਵੇਗੀ। ਉੱਤਰਦਾਤਾ ਵੱਲੋਂ ਅੱਜ ਕੋਈ ਵੀ ਹਾਜ਼ਰ ਨਹੀਂ ਹੋਇਆ ਪਰੰਤੂ ਉਨ੍ਹਾਂ ਵੱਲੋਂ ਫੋਨ ਰਾਹੀਂ ਪੇਸ਼ੀ ਲਈ ਅਗਲੀ ਮਿਤੀ ਦੇਣ ਲਈ ਬੇਨਤੀ ਕੀਤੀ ਗਈ ਹੈ। ਉੱਤਰਦਾਤਾ ਦੀ ਬੇਨਤੀ ਅਨੁਸਾਰ ਇਹ ਕੇਸ **ਅਗਲੀ ਸੁਣਵਾਈ ਮਿਤੀ 10-04-2019 ਨੂੰ 11.30 ਵਜੇ ਲਈ** ਨਿਸਚਿਤ ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
**ਮਿਤੀ: ਚੰਡੀਗੜ੍ਹ, 11 ਮਾਰਚ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਅਵਤਾਰ ਸਿੰਘ, (79860-54105)
ਪੁੱਤਰ ਸ਼੍ਰੀ ਗੁਰਦੇਵ ਸਿੰਘ,
ਵਾਸੀ ਪਿੰਡ ਨਗਲਾ,
ਡਾਕਖਾਨਾ ਢਕੌਲੀ,
ਜ਼ਿਲ੍ਹਾ ਮੁਹਾਲੀ। ...........ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫ਼ਤਰ ਡਾਇਰੈਕਟਰ,
ਮਾਈਨਿੰਗ ਪੰਜਾਬ,
ਚੰਡੀਗੜ੍ਹ।

ਪਹਿਲੀ ਅਪੀਲੀ ਅਥਾਰਟੀ-ਕਮ-
ਜਨਰਲ ਮੈਨੇਜਰ, ਮਾਈਨਿੰਗ,
ਇੰਡਸਟ੍ਰੀਅਲ ਏਰੀਆ,
ਫੇਸ-6, ਮੁਹਾਲੀ। ........ ਉੱਤਰਦਾਤਾ

**ਅਪੀਲ ਕੇਸ ਨੰ:2423 ਆਫ਼ 2018**

**ਹਾਜ਼ਰ:-**

1) ਅਪੀਲਕਰਤਾ ਵੱਲੋਂ ਸ਼੍ਰੀ ਐਚ.ਬੀ.ਐਸ. ਬੇਦਵਾਨ, ਐਡਵੋਕੇਟ (98151-63800)।
2) ਉੱਤਰਦਾਤਾ ਵੱਲੋਂ ਕੋਈ ਵੀ ਨਹੀਂ।

**ਹਕਮ:**

ਅਪੀਲਕਰਤਾ ਵੱਲੋਂ ਹਾਜ਼ਰ ਸ਼੍ਰੀ ਐਚ.ਬੀ.ਐਸ. ਬੇਦਵਾਨ, ਐਡਵੋਕੇਟ, ਨੇ ਦੱਸਿਆ ਹੈ ਕਿ ਉਨ੍ਹਾਂ ਨੂੰ ਅਜੇ ਤੱਕ ਮੰਗੀ ਗਈ ਸੂਚਨਾ ਪ੍ਰਾਪਤ ਨਹੀਂ ਹੋਈ। ਇਸ ਲਈ ਉਨ੍ਹਾਂ ਨੇ ਸੂਚਨਾ ਮੁਹੱਈਆ ਕਰਾਉਣ ਦੀ ਬੇਨਤੀ ਕੀਤੀ ਹੇ।

2. ਕਮਿਸ਼ਨ ਦੇ ਅੰਤ੍ਰਿਮ ਹੁਕਮ, ਮਿਤੀ 06-02-2019 ਰਾਹੀਂ ਉੱਤਰਦਾਤਾ, ਪਹਿਲੀ ਅਪੀਲੀ ਅਥਾਰਟੀ-ਕਮ-ਜਨਰਲ ਮੈਨੇਜਰ-ਕਮ-ਮਾਈਨਿੰਗ ਅਫਸਰ, ਜ਼ਿਲ੍ਹਾ ਉਦਯੋਗ ਕੇਂਦਰ, ਐਸ.ਏ.ਐਸ. ਨਗਰ ਨੂੰ ਸਖਤ ਹਦਾਇਤ ਕੀਤੀ ਗਈ ਸੀ ਕਿ ਲੋਕ ਸੂਚਨਾ ਅਧਿਕਾਰੀ ਦਫ਼ਤਰ ਡਾਇਰੈਕਟਰ, ਮਾਈਨਿੰਗ ਪੰਜਾਬ ਨੂੰ ਲੋੜੀਂਦਾ ਰਿਕਾਰਡ ਤੁਰੰਤ ਮੁਹੱਈਆ ਕਰਵਾਇਆ ਜਾਵੇ ਅਤੇ ਪੇਸ਼ੀ ਤੇ ਨਿੱਜੀ ਤੇ ਹਾਜ਼ਰ ਹੋਣਾ ਵੀ ਯਕੀਨੀ ਬਣਾਇਆ ਜਾਵੇ।ਅਜਿਹਾ ਨਾ ਕਰਨ ਦੀ ਸੂਰਤ ਵਿੱਚ ਉਨ੍ਹਾਂ ਵਿਰੁੱਧ ਸੂਚਨਾ ਦਾ ਅਧਿਕਾਰ ਐਕਟ, 2005 ਦੇ ਉਪਬੰਧਾਂ ਤਹਿਤ ਬਨਦੀ ਅਗਲੇਰੀ ਇਕਤਰਫਾ ਕਾਰਵਾਈ ਆਰੰਭ ਕਰ ਦਿੱਤੀ ਜਾਵੇਗੀ। ਉੱਤਰਦਾਤਾ ਵੱਲੋਂ ਅੱਜ ਕੋਈ ਵੀ ਹਾਜ਼ਰ ਨਹੀਂ ਹੋਇਆ ਪਰੰਤੂ ਉਨ੍ਹਾਂ ਵੱਲੋਂ ਫੋਨ ਰਾਹੀਂ ਪੇਸ਼ੀ ਲਈ ਅਗਲੀ ਮਿਤੀ ਦੇਣ ਲਈ ਬੇਨਤੀ ਕੀਤੀ ਗਈ ਹੈ। ਉੱਤਰਦਾਤਾ ਦੀ ਬੇਨਤੀ ਅਨੁਸਾਰ ਇਹ ਕੇਸ **ਅਗਲੀ ਸੁਣਵਾਈ ਮਿਤੀ 10-04-2019 ਨੂੰ 11.30 ਵਜੇ ਲਈ** ਨਿਸਚਿਤ ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਮਿਤੀ: ਚੰਡੀਗੜ੍ਹ, 11 ਮਾਰਚ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਮਿਸ. ਗੁਰਸਿਮਰਨ ਕੌਰ, (96532-68807)
ਵਾਸੀ 836,ਐਮ.ਆਈ.ਜੀ.,
ਪੀ.ਐਚ.ਬੀ. ਕਲੌਨੀ, ਜਮਾਲਪੁਰ,
ਲਧਿਆਣਾ। ..........ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫ਼ਤਰ ਡਿਪਟੀ ਕਮਿਸ਼ਨਰ,
ਮਾਨਸਾ।

ਪਹਿਲੀ ਅਪੀਲੀ ਅਥਾਰਟੀ-ਕਮ-
ਦਫ਼ਤਰ ਡਿਪਟੀ ਕਮਿਸ਼ਨਰ,
ਮਾਨਸਾ। ........ ਉੱਤਰਦਾਤਾ

**ਅਪੀਲ ਕੇਸ ਨੰ:4174 ਆਫ਼ 2018**

**ਹਾਜ਼ਰ:-**

1) ਅਪੀਲਕਰਤਾ ਵੱਲੋਂ ਕੋਈ ਵੀ ਨਹੀਂ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਅਰਵਿੰਦਰ ਸਿੰਘ, ਜੂਨੀਅਰ ਸਹਾਇਕ (94635-13850) ਦਫਤਰ ਡਿਪਟੀ ਕਮਿਸ਼ਨਰ, ਮਾਨਸਾ।

**ਹੁਕਮ:**

ਪਿਛਲੀ ਪੇਸ਼ੀ, ਮਿਤੀ 06-02-2019 ਤੇ ਅਪੀਲਕਰਤਾ ਪੇਸ਼ੀ ਸਮੇਂ ਹਾਜ਼ਰ ਨਹੀਂ ਹੋਈ ਸੀ ਅਤੇ ਨਾ ਹੀ ਉਸ ਵੱਲੋਂ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਸੀ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਮੁਕੇਸ਼ ਕੁਮਾਰ, ਜੂਨੀਅਰ ਸਹਾਇਕ ਦਫਤਰ ਉਪ ਮੰਡਲ ਮੈਜਿਸਟਰੇਟ, ਮਾਨਸਾ ਨੇ ਪੱਤਰ ਨੰ:176/ਆਰ.ਟੀ.ਆਈ., ਮਿਤੀ 21-09-2018 ਪੇਸ਼ ਕਰਦੇ ਹੋਏ ਦੱਸਿਆ ਸੀ ਕਿ ਅਪੀਲਕਰਤਾ ਵੱਲੋਂ ਮੰਗੀ ਗਈ ਸੂਚਨਾ ਦੇ ਨੁਕਤਾ ਨੰ:1 ਦਾ ਸਬੰਧ ਉਪ ਮੰਡਲ ਮੈਜਿਸਟਰੇਟ, ਮਾਨਸਾ ਦੇ ਦਫ਼ਤਰ ਨਾਲ ਹੋਣ ਕਾਰਨ ਅਪੀਲਕਰਤਾ ਨੂੰ ਸੂਚਨਾ ਮੁਹੱਈਆ ਕਰਵਾਈ ਜਾ ਚੁੱਕੀ ਹੈ ਪਰੰਤੂ ਬਾਕੀ ਦੇ ਨੁਕਤਿਆਂ ਦਾ ਸਬੰਧ ਡਿਪਟੀ ਕਮਿਸ਼ਨਰ, ਮਾਨਸਾ ਨਾਲ ਹੋਣ ਕਾਰਨ ਅਪੀਲਕਰਤਾ ਦੀ ਆਰ.ਟੀ.ਆਈ., ਆਰ.ਟੀ.ਆਈ. ਐਕਟ ਦੇ ਨਿਯਮ 6(3) ਤਹਿਤ ਉਨ੍ਹਾਂ ਨੂੰ ਤਬਦੀਲ ਕੀਤੀ ਜਾ ਚੁੱਕੀ ਹੈ। ਪਹਿਲੀ ਅਪੀਲੀ ਅਥਾਰਟੀ ਦਫ਼ਤਰ ਡਿਪਟੀ ਕਮਿਸ਼ਨਰ, ਮਾਨਸਾ ਵੱਲੋਂ ਕੋਈ ਵੀ ਹਾਜ਼ਰ ਨਹੀਂ ਹੋਇਆ ਸੀ। ਇਸ ਲਈ ਉੱਤਰਦਾਤਾ (ਪਹਿਲੀ ਅਪੀਲੀ ਅਥਾਰਟੀ) ਨੂੰ ਹਦਾਇਤ ਕੀਤੀ ਗਈ ਸੀ ਕਿ ਅਪੀਲਕਰਤਾ ਦੇ ਬਿਨੈ-ਪੱਤਰ ਅਨੁਸਾਰ ਸੂਚਨਾ ਦਾ ਅਧਿਕਾਰ ਐਕਟ, 2005 ਦੇ ਉਪਬੰਧਾਂ ਤਹਿਤ ਬਣਦੀ, ਉਨ੍ਹਾਂ ਦੇ ਦਫ਼ਤਰ ਨਾਲ ਸਬੰਧਤ ਸੂਚਨਾ, ਪੇਸ਼ੀ ਦੀ ਅਗਲੀ ਮਿਤੀ ਤੋਂ ਪਹਿਲਾਂ-ਪਹਿਲਾਂ ਮੁਹੱਈਆ ਕਰਵਾਈ ਜਾਵੇ ਅਤੇ ਪੇਸ਼ੀ ਤੇ

ਚਲਦਾ---ਪੰਨਾ/2

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**



**ਅਪੀਲ ਕੇਸ ਨੰ:4174 ਆਫ਼ 2018**

ਹਾਜ਼ਰੀ ਵੀ ਯਕੀਨੀ ਬਣਾਈ ਜਾਵੇ। ਇਸ ਹਦਾਇਤ ਨਾਲ ਇਹ ਕੇਸ ਅਗਲੀ ਸੁਣਵਾਈ ਮਿਤੀ 11-03-2019 ਨੂੰ ਸਵੇਰੇ 11.30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਪੇਸ਼ੀ ਸਮੇਂ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਅਰਵਿੰਦਰ ਸਿੰਘ, ਜੂਨੀਅਰ ਸਹਾਇਕ ਦਫਤਰ ਡਿਪਟੀ ਕਮਿਸ਼ਨਰ, ਮਾਨਸਾ ਨੇ ਪੱਤਰ ਨੰ:1197/ਆਰ.ਟੀ.ਆਈ., ਮਿਤੀ 25-09-2018 ਜ਼ੋ ਕਿ ਅਪੀਲਕਰਤਾ ਨੂੰ ਸੰਬੋਧਿਤ ਹੈ, ਦੀ ਕਾਪੀ ਪੇਸ਼ ਕਰਦੇ ਹੋਏ ਦੱਸਿਆ ਹੈ ਕਿ ਅਪੀਲਕਰਤਾ ਨੂੰ ਡਿਪਟੀ ਕਮਿਸ਼ਨਰ, ਮਾਨਸਾ ਦੇ ਦਫ਼ਤਰ ਨਾਲ ਸਬੰਧਤ ਸੂਚਨਾ ਭੇਜੀ ਜਾ ਚੁੱਕੀ ਹੈ। ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ ਕੀਤਾ ਗਿਆ ਪੱਤਰ ਮਿਸਲ ਤੇ ਰੱਖ ਲਿਆ ਗਿਆ ਹੈ। ਅਪੀਲਕਰਤਾ ਅੱਜ ਫਿਰ ਪੇਸ਼ੀ ਤੇ ਹਾਜ਼ਰ ਨਹੀਂ ਹੋਈ ਅਤੇ ਨਾ ਹੀ ਉਸ ਵੱਲੋਂ ਅੱਜ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਹੈ। ਫਿਰ ਵੀ ਉਸ ਨੂੰ ਆਪਣਾ ਪੱਖ ਪੇਸ਼ ਕਰਨ ਦਾ ਆਖਰੀ ਮੌਕਾ ਦਿੱਤਾ ਜਾਂਦਾ ਹੈ। ਇਸ ਲਈ ਇਹ ਕੇਸ **ਅਗਲੀ ਸੁਣਵਾਈ ਮਿਤੀ 09-04-2019 ਨੂੰ 11.30 ਵਜੇ ਲਈ** ਨਿਸਚਿਤ ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
ਰਾਜ ਸੂਚਨਾ ਕਮਿਸ਼ਨਰ, ਪੰਜਾਬ।

ਮਿਤੀ: ਚੰਡੀਗੜ੍ਹ, 11 ਮਾਰਚ, 2019.

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਕਮਲਪ੍ਰੀਤ ਸਿੰਘ (98723-25686)
134 ਬਸੰਤ ਸਿਟੀ, ਥਰੀਕੇ,
ਡਾਕਖਾਨਾ ਦਾਦ, ਪੱਖੋਵਾਲ ਰੋਡ,
ਲੁਧਿਆਣਾ। -----ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫ਼ਤਰ ਡਾਇਰੈਕਟਰ,
ਸਨਮਤੀ ਸਰਕਾਰੀ ਸਾਇੰਸ ਸਿੱਖਿਆ ਅਤੇ
ਖੋਜ਼ ਕਾਲਿਜ, ਜਗਰਾਓਂ,
ਜ਼ਿਲ੍ਹਾ ਲੁਧਿਆਣਾ।

ਪਹਿਲੀ ਅਪੀਲੀ ਅਥਾਰਟੀ,
ਦਫ਼ਤਰ ਡਾਇਰੈਕਟਰ,
ਸਨਮਤੀ ਸਰਕਾਰੀ ਸਾਇੰਸ ਸਿੱਖਿਆ ਅਤੇ

ਖੋਜ਼ ਕਾਲਿਜ, ਜਗਰਾਓਂ,
ਜ਼ਿਲ੍ਹਾ ਲੁਧਿਆਣਾ। ------ਉੱਤਰਦਾਤਾ

**ਅਪੀਲ ਕੇਸ ਨੰ:4228 ਆਫ਼ 2018**

**ਹਾਜ਼ਰ:-**

1) ਸ਼੍ਰੀ ਕਮਲਪ੍ਰੀਤ ਸਿੰਘ, ਅਪੀਲਕਰਤਾ।
2) ਉੱਤਰਦਾਤਾ ਵੱਲੋਂ ਵੀ ਕੋਈ ਨਹੀਂ।

**ਹਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 01-05-2018, ਲੋਕ ਸੂਚਨਾ ਅਧਿਕਾਰੀ ਦਫਤਰ ਡਾਇਰੈਕਟਰ, ਸਨਮਤੀ ਸਰਕਾਰੀ ਸਾਇੰਸ ਸਿੱਖਿਆ ਅਤੇ ਖੋਜ਼ ਕਾਲਿਜ, ਜਗਰਾਓਂ, ਜ਼ਿਲ੍ਹਾ ਲੁਧਿਆਣਾ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਵੱਲੋਂ ਮਿਤੀ 01-01-2010 ਤੋਂ 20-04-2018 ਤੱਕ ਕਾਲਿਜ ਵੱਲੋਂ ਰਾਜ ਸਰਕਾਰ ਜਾਂ ਕੇਂਦਰੀ ਸਰਕਾਰ ਕੋਲੋ ਪ੍ਰਾਪਤ ਕੀਤੀਆਂ ਵਿੱਤੀ ਗਰਾਂਟਾਂ/ਸਬਸਿਡੀਜ਼/ਚੈਰਿਟੀਜ਼ ਅਤੇ ਇਨ੍ਹਾਂ ਦੀ ਅਲਾਟਮੈਂਟ ਨਾਲ ਸਬੰਧਤ 04 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 28-07-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 05-12-2018 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 08-01-2919 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 11-02-2019 ਨੂੰ ਸਵੇਰੇ 11:30 ਵਜੇ ਲਈ ਕੀਤਾ ਗਿਆ ਸੀ।

2. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਅੱਜ ਕੋਈ ਵੀ ਹਾਜ਼ਰ ਨਹੀਂ ਹੋਇਆ ਪਰੰਤੂ ਉਨ੍ਹਾਂ

ਚਲਦਾ---ਪੰਨਾ/2

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**



**ਅਪੀਲ ਕੇਸ ਨੰ:4228 ਆਫ਼ 2018**

ਵੱਲੋਂ ਆਪਣੀ ਈ.ਮੇਲ., ਮਿਤੀ 26-02-2019 ਨਾਲ ਭੇਜੇ ਗਏ ਪੱਤਰ ਨੰ:ਅ.ਕ.ਆਰ.ਟੀ.ਆਈ./2019/3952, ਮਿਤੀ 25-02-2019 ਰਾਹੀਂ ਕਮਿਸ਼ਨ ਨੂੰ ਸੂਚਿਤ ਕੀਤਾ ਗਿਆ ਹੈ ਕਿ ਉਨ੍ਹਾਂ ਵੱਲੋਂ ਅਪੀਲਕਰਤਾ ਨੂੰ ਆਪਣੇ ਪੱਤਰ ਨੰ:ਅ.ਕ.ਆਰ.ਟੀ.ਆਈ./2019/3934, ਮਿਤੀ 21-02-2019 ਰਾਹੀਂ ਦਸਤੀ ਸੂਚਨਾ ਮੁਹੱਈਆ ਕੀਤੀ ਜਾ ਚੱਕੀ ਹੈ। ਅਪੀਲਕਰਤਾ ਨੇ ਪ੍ਰਾਪਤ ਹੋਈ ਸੂਚਨਾ ਤੇ ਸੰਤੁਸ਼ਟੀ ਪ੍ਰਗਟਾਈ ਹੈ।ਇਸ ਕਰਕੇ ਇਸ ਕੇਸ ਵਿੱਚ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ। ਇਸ ਲਈ ਅਪੀਲਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਅਪੀਲ ਕੇਸ ਦਾਖਲ ਦਫ਼ਤਰ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)

ਮਿਤੀ: ਚੰਡੀਗੜ੍ਹ, 11 ਮਾਰਚ, 2019. ਰਾਜ ਸੂਚਨਾ ਕਮਿਸ਼ਨਰ, ਪੰਜਾਬ।

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਕਮਲਪ੍ਰੀਤ ਸਿੰਘ (98723-25686)
134ਠ ਬਸੰਤ ਸਿਟੀ, ਥਰੀਕੇ,
ਡਾਕਖਾਨਾ ਦਾਦ, ਪੱਖੋਵਾਲ ਰੋਡ,
ਲੁਧਿਆਣਾ। -----ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫ਼ਤਰ ਪ੍ਰਿੰਸੀਪਲ,
ਸਰਕਾਰੀ ਕਾਲਿਜ (ਲੜਕੀਆਂ),
ਲੁਧਿਆਣਾ।

ਪਹਿਲੀ ਅਪੀਲੀ ਅਥਾਰਟੀ,
ਦਫ਼ਤਰ ਪ੍ਰਿੰਸੀਪਲ,
ਸਰਕਾਰੀ ਕਾਲਿਜ (ਲੜਕੀਆਂ),
ਲੁਧਿਆਣਾ। ------ਉੱਤਰਦਾਤਾ

**ਅਪੀਲ ਕੇਸ ਨੰ:4230 ਆਫ਼ 2018**

**ਹਾਜ਼ਰ:-**

1) ਸ਼੍ਰੀ ਕਮਲਪ੍ਰੀਤ ਸਿੰਘ, ਅਪੀਲਕਰਤਾ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਤੇਜਿੰਦਰ ਸਿੰਘ, ਐਡਵੋਕੇਟ (90410-04313)।

**ਹਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 08-03-2018, ਲੋਕ ਸੂਚਨਾ ਅਧਿਕਾਰੀ ਦਫਤਰ ਪ੍ਰਿੰਸੀਪਲ, ਸਰਕਾਰੀ ਕਾਲਿਜ (ਲੜਕੀਆਂ), ਲੁਧਿਆਣਾ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਵੱਲੋਂ ਪਿਛਲੇ 15 ਸਾਲਾਂ ਦੌਰਾਨ ਸਾਰੀਆਂ ਕੰਟੀਨਾਂ/ਰੈਸਟੋਰੈਂਟ ਕਾਊਂਟਰਜ਼ ਅਤੇ ਮੈਸ ਕੰਟੀਨ ਦੀ ਅਲਾਟਮੈਂਟ ਨਾਲ ਸਬੰਧਤ ਰਿਕਾਰਡ ਬਾਰੇ ਸੂਚਨਾ ਦੀ ਮੰਗ ਕੀਤੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 21-07-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 05-12-2018 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 08-01-2919 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 11-02-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਪੇਸ਼ੀ ਸਮੇਂ ਦੋਵੇਂ ਧਿਰਾਂ ਨੂੰ ਸੁਣਿਆ ਗਿਆ। ਅਪੀਲਕਰਤਾ ਨੇ ਕਿਹਾ ਹੈ ਕਿ ਉਸ ਨੂੰ ਅਜੇ ਤੱਕ ਮੁਕੰਮਲ ਸੂਚਨਾ ਪ੍ਰਾਪਤ ਨਹੀਂ ਹੋਈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਤੇਜਿੰਦਰ ਸਿੰਘ, ਐਡਵੋਕੇਟ ਨੇ ਕਿਹਾ ਹੈ ਕਿ ਉਨ੍ਹਾਂ ਵੱਲੋਂ ਆਪਣੇ ਪੱਤਰ ਮਿਤੀ 04-04-2018, 27-04-2018, 04-06-2018, 26-05-2018 ਅਤੇ 21-08-2018 ਰਾਹੀਂ ਪਹਿਲਾਂ ਹੀ ਅਪੀਲਕਰਤਾ ਨੂੰ ਸੂਚਨਾ ਭੇਜੀ ਜਾ ਚੁੱਕੀ ਹੈ। ਉਨ੍ਹਾਂ ਵੱਲੋਂ ਇਸ ਬਾਰੇ ਆਪਣੇ ਨੰ:3152- 3153, ਮਿਤੀ 07-02-2019 ਰਾਹੀਂ ਕਮਿਸ਼ਨ ਨੂੰ ਵੀ ਸੂਚਿਤ ਕੀਤਾ ਹੋਇਆ ਹੈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਅਪੀਲਕਰਤਾ ਨੂੰ ਦਿੱਤੀ ਗਈ ਸੂਚਨਾ ਨੂੰ ਕਮਿਸ਼ਨ ਵੱਲੋਂ ਘੋਖਣ ਉਪਰੰਤ ਤਸੱਲੀਬਖਸ਼ ਪਾਇਆ ਗਿਆ ਹੈ। ਇਸ ਕਰਕੇ ਇਸ ਕੇਸ ਵਿੱਚ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ। ਇਸ ਲਈ ਅਪੀਲਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਅਪੀਲ ਕੇਸ ਦਾਖਲ ਦਫ਼ਤਰ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
ਮਿਤੀ: ਚੰਡੀਗੜ੍ਹ, 11 ਮਾਰਚ, 2019. ਰਾਜ ਸੂਚਨਾ ਕਮਿਸ਼ਨਰ, ਪੰਜਾਬ।

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਗੌਰਵ ਕੁਮਾਰ, (ਮੋਬ 94177-54500)
ਪੁੱਤਰ ਸ਼੍ਰੀ ਧਰਮ ਪਾਲ,
ਵਾਸੀ ਵਾਟਰ ਵਰਕਸ ਰੋਡ, ਵਾਰਡ ਨੰ:8 (ਨਿਊ),
ਨੇੜੇ ਰਾਮਧਾਰੀ, ਸਾਬਕਾ ਐਮ.ਸੀ. ਬੁਢਲਾਡਾ,
ਜ਼ਿਲ੍ਹਾ ਮਾਨਸਾ। ------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਉਪ ਕਪਤਾਨ, ਪੁਲਿਸ (ਐਚ),
ਮਾਨਸਾ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਸੀਨੀਅਰ ਕਪਤਾਨ, ਪੁਲਿਸ,
ਮਾਨਸਾ। ------ਉੱਤਰਦਾਤਾ

**ਅਪੀਲ ਕੇਸ ਨੰ:349/2019**

**ਹਾਜ਼ਰ:-**

1) ਸ਼੍ਰੀ ਗੌਰਵ ਕੁਮਾਰ, ਅਪੀਲਕਰਤਾ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਅੰਗਰੇਜ਼ ਸਿੰਘ,ਏ.ਐਸ.ਆਈ.(94171-34212)

**ਹਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 08-09-2018, ਲੋਕ ਸੂਚਨਾ ਅਧਿਕਾਰੀ ਦਫਤਰ ਉਪ ਕਪਤਾਨ, ਪੁਲਿਸ (ਐਚ), ਮਾਨਸਾ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਵੱਲੋਂ ਆਪਣੀ ਦਰਖਾਸਤ ਮਿਤੀ 12-02-2018 ਨਾਲ ਸਬੰਧਤ 03 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 30-11-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 15-01-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 07-02-2919 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 11-03-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਪੇਸ਼ੀ ਸਮੇਂ ਦੋਵੇਂ ਧਿਰਾਂ ਨੂੰ ਸੁਣਿਆ ਗਿਆ। ਅਪੀਲਕਰਤਾ ਨੇ ਕਿਹਾ ਹੈ ਕਿ ਉਸ ਨੂੰ ਅਜੇ ਤੱਕ ਮੁਕੰਮਲ ਸੂਚਨਾ ਪ੍ਰਾਪਤ ਨਹੀਂ ਹੋਈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਅੰਗਰੇਜ਼ ਸਿੰਘ,ਏ.ਐਸ.ਆਈ. ਨੇ ਪੱਤਰ ਨੰ:4/ਆਰ.ਟੀ.ਆਈ., ਮਿਤੀ 09-03-2019 ਰਾਹੀਂ ਆਪਣਾ ਜਵਾਬ ਪੇਸ਼ ਕੀਤਾ ਹੈ ਜੋ ਕਿ ਮਿਸਲ ਤੇ ਰੱਖ ਲਿਆ ਗਿਆ ਹੈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਆਪਣੇ ਜਵਾਬ ਵਿੱਚ ਕਿਹਾ ਗਿਆ ਹੈ ਕਿ ਅਪੀਲਕਰਤਾ ਵੱਲੋਂ ਮੰਗੀ ਗਈ ਸੂਚਨਾ ਦਾ ਸਬੰਧ ਜ਼ਿਲ੍ਹਾ ਮਾਨਸਾ ਦੇ ਥਾਣਾ ਸਿਟੀ-1 ਮਾਨਸਾ ਨਾਲ ਹੋਣ ਕਾਰਨ ਥਾਣਾ ਸਿਟੀ-1 ਮਾਨਸਾ ਤੋਂ ਰਿਪੋਰਟ ਹਾਸਲ ਕੀਤੀ ਗਈ ਸੀ ਜਿਸ ਤੋਂ ਇਹ ਪਾਇਆ ਗਿਆ ਸੀ ਕਿ ਮੁ:ਨੰ:29, ਮਿਤੀ 29-03-2018 ਅ/ਧ 498-ਏ, 406, 377 ਹਿੰ:ਦੰ: ਥਾਣਾ ਸਿਟੀ-1 ਮਾਨਸਾ ਬਰਖਿਲਾਫ ਗੋਰਵ ਪੁੱਤਰ ਧਰਮਪਾਲ, ਧਰਮਪਾਲ ਪੁੱਤਰ ਲੇਖ ਰਾਮ, ਵੀਨਾ ਰਾਣੀ ਵਗੈਰਾ ਦੇ ਦਰਜ ਹੋਣ ਕਾਰਨ ਮੁਕੱਦਮਾ ਜੇਰੇ ਤਫਤੀਸ਼

ਚਲਦਾ---ਪੰਨਾ/2

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**



**ਅਪੀਲ ਕੇਸ ਨੰ:349 ਆਫ਼ 2018**

ਹੋਣ ਸਬੰਧੀ ਸੂਚਨਾ ਅਪੀਲਕਰਤਾ ਦੇ ਦਿੱਤੇ ਹੋਏ ਪਤੇ ਤੇ ਮਿਤੀ 30-09-2018 ਨੂੰ ਡਾਕ ਰਾਹੀਂ ਭੇਜੀ ਗਈ ਸੀ। ਅਪੀਲਕਰਤਾ ਵੱਲੋਂ ਫਿਰ ਦੁਬਾਰਾ ਮਿਤੀ 06-12-2018 ਨੂੰਸੂਚਨਾ ਦੀ ਮੰਗ ਕਰਨ ਤੇ ਥਾਣਾ ਸਿਟੀ-1 ਮਾਨਸਾ ਤੋਂ ਰਿਪੋਰਟ ਹਾਸਲ ਕੀਤੀ ਗਈ ਸੀ ਜਿਸ ਸਬੰਧੀ ਮੁਕੱਦਮਾ ਜੇਰੇ ਤਫਤੀਸ਼ ਹੋਣ ਬਾਰੇ ਸੂਚਨਾ ਦੁਬਾਰਾ ਅਪੀਲਕਰਤਾ ਦੇ ਦਿੱਤੇ ਹੋਏ ਪਤੇ ਤੇ ਮਿਤੀ 06-02-2019 ਨੂੰ ਡਾਕ ਰਾਹੀਂ ਭੇਜੀ ਗਈ ਸੀ। ਹੁਣ ਇਸ ਮੁਕੱਦਮੇ ਵਿੱਚ ਅਪੀਲਕਰਤਾ ਗੌਰਵ ਕੁਮਾਰ ਵੱਲੋਂ ਦਰਖਾਸਤ ਦੇਣ ਤੇ ਕਪਤਾਨ ਪੁਲਿਸ (ਇੰਨਵੈ) ਮਾਨਸਾ ਪੜਤਾਲ ਕਰ ਰਹੇ ਹਨ ਜਿਸ ਕਰਕੇ ਦਰਖਾਸਤ ਪੜਤਾਲ ਅਧੀਨ ਹੋਣ ਕਰਕੇ ਅਤੇ ਮੁਕੱਦਮਾ ਜੇਰ ਤਫਤੀਸ਼ ਹੋਣ ਕਰਕੇ ਅਪੀਲਕਰਤਾ ਨੂੰ ਸੂਚਨਾ ਮੁਹੱਈਆ ਨਹੀਂ ਕਰਵਾਈ ਜਾ ਸਕਦੀ। ਇਸ ਕਰਕੇ ਉਨ੍ਹਾਂ ਵੱਲੋਂ ਅਪੀਲਕਰਤਾ ਦੀ ਅਪੀਲ ਦਾਖਲ ਦਫਤਰ ਕਰਨ ਲਈ ਬੇਨਤੀ ਕੀਤੀ ਗਈ ਹੈ।

3. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਅਪੀਲਕਰਤਾ ਨੂੰ ਦਿੱਤੀ ਗਈ ਸੂਚਨਾ ਨੂੰ ਕਮਿਸ਼ਨ ਵੱਲੋਂ ਘੋਖਣ ਉਪਰੰਤ ਤਸੱਲੀਬਖਸ਼ ਪਾਇਆ ਗਿਆ ਹੈ। ਇਸ ਕਰਕੇ ਇਸ ਕੇਸ ਵਿੱਚ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ। ਇਸ ਲਈ ਅਪੀਲਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਅਪੀਲ ਕੇਸ ਦਾਖਲ ਦਫ਼ਤਰ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
ਰਾਜ ਸੂਚਨਾ ਕਮਿਸ਼ਨਰ, ਪੰਜਾਬ।

ਮਿਤੀ: ਚੰਡੀਗੜ੍ਹ, 11 ਮਾਰਚ, 2019.

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਰਵੀ ਕੁਮਾਰ, (ਮੋਬ 93560-37575)
ਪੁੱਤਰ ਸ਼੍ਰੀ ਧਰਮਿੰਦਰ ਕੁਮਾਰ,
ਮਕਾਨ ਨੰ 107, ਪਿੱਛੇ ਸੰਤਪੁਰਾ ਗੁਰਦਵਾਰਾ,
ਪਟਿਆਲਾ ਗੇਟ, ਸੰਗਰੂਰ।                    -------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਸੀਨੀਅਰ ਕਪਤਾਨ, ਪੁਲਿਸ,
ਸੰਗਰੂਰ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਇੰਸਪੈਕਟਰ ਜਨਰਲ, ਪੁਲਿਸ,
ਪਟਿਆਲਾ ਰੇਂਜ,
ਪਟਿਆਲਾ।                    --------ਉੱਤਰਦਾਤਾ

**ਅਪੀਲ ਕੇਸ ਨੰ 403/2019**

**ਹਾਜ਼ਰ:-**

1) ਅਪੀਲਕਰਤਾ ਵੱਲੋਂ ਕੋਈ ਵੀ ਨਹੀਂ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਅਜੈਬ ਸਿੰਘ, ਏ.ਐਸ.ਆਈ.(80545-45411)।

**ਹੁਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 24-09-2018, ਲੋਕ ਸੂਚਨਾ ਅਧਿਕਾਰੀ ਦਫਤਰ ਸੀਨੀਅਰ ਕਪਤਾਨ, ਪੁਲਿਸ, ਸੰਗਰੂਰ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਵੱਲੋਂ ਆਪਣੀ ਸ਼ਿਕਾਇਤ ਨੰ:1072/ਜੀ.ਸੀ./ਡੀ.ਜੀ.ਪੀ., ਮਿਤੀ 30-06-2018 ਨਾਲ ਸਬੰਧਤ 02 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 19-11-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 16-01-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 07-02-2919 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 11-03-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਅਜੈਬ ਸਿੰਘ, ਏ.ਐਸ.ਆਈ. ਨੇ ਪੱਤਰ ਨੰ:13-ਅਪੀਲ/ਆਰ.ਟੀ.ਆਈ., ਮਿਤੀ 09-03-2019 ਪੇਸ਼ ਕਰਦੇ ਹੋਏ ਦੱਸਿਆ ਹੈ ਕਿ ਅਪੀਲਕਰਤਾ ਨੂੰ ਮਿਤੀ 17-01-2019 ਨੂੰ ਰਜਿਸਟਰਡ ਡਾਕ ਰਾਹੀਂ ਸੂਚਨਾ ਭੇਜੀ ਜਾ ਚੁੱਕੀ ਹੈ। ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ ਕੀਤਾ ਗਿਆ ਪੱਤਰ ਮਿਸਲ ਤੇ ਰੱਖ ਲਿਆ ਗਿਆ ਹੈ। ਅਪੀਲਕਰਤਾ ਅੱਜ ਹਾਜ਼ਰ ਨਹੀਂ ਹੋਇਆ ਪਰੰਤੂ ਉਸ ਵੱਲੋਂ ਅੱਜ ਹਾਜ਼ਰ ਨਾ ਹੋਣ ਬਾਰੇ ਈ.ਮੇਲ ਮਿਤੀ 08-03-2019 ਰਾਹੀਂ ਕਮਿਸ਼ਨ ਨੂੰ ਸੂਚਿਤ ਕਰਦੇ ਹੋਏ ਪੇਸ਼ੀ ਲਈ ਅਗਲੀ ਮਿਤੀ ਦੀ ਮੰਗ ਕੀਤੀ ਗਈ ਹੈ। ਅਪੀਲਕਰਤਾ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਜੇਕਰ ਉਸ ਨੂੰ ਪ੍ਰਾਪਤ ਹੋਈ ਸੂਚਨਾ ਵਿੱਚ ਕੋਈ ਤਰੁੱਟੀਆਂ ਪਾਈਆਂ ਜਾਣ ਤਾਂ ਉਨ੍ਹਾਂ ਬਾਰੇ ਲੋਕ ਸੂਚਨਾ ਅਧਿਕਾਰੀ ਨੂੰ ਲਿਖਤੀ ਰੂਪ ਵਿੱਚ ਸਿੱਧੇ ਤੌਰ ਤੇ ਸੂਚਿਤ ਕੀਤਾ ਜਾਵੇ। ਇਸ ਲਈ ਇਹ ਕੇਸ **ਅਗਲੀ ਸੁਣਵਾਈ ਮਿਤੀ 09-04-2019 ਨੂੰ ਸਵੇਰੇ 11-30 ਵਜੇ** ਲਈ ਨਿਸਚਿਤ ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

**ਮਿਤੀ: ਚੰਡੀਗੜ੍ਹ**, 11 ਮਾਰਚ, 2019. **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

ਸ਼੍ਰੀ ਦਲਜੀਤ ਸਿੰਘ,
ਪੁੱਤਰ ਸ਼੍ਰੀ ਅਮਰ ਸਿੰਘ,
ਵਾਸੀ ਮਕਾਨ ਨੰ: 171, ਵਸੰਤ ਵਿਹਾਰ,
ਸਕੀਮ ਨੰ:10, ਹੁਸ਼ਿਆਰਪੁਰ। ------ਸ਼ਿਕਾਇਤਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਡਾਇਰੈਕਟਰ, ਸਿੱਖਿਆ (ਕਾਲਿਜਾਂ) ਪੰਜਾਬ,
ਸਿੱਖਿਆ ਭਵਨ, ਮੁਹਾਲੀ। ------ਉੱਤਰਦਾਤਾ

**ਸ਼ਿਕਾਇਤ ਕੇਸ ਨੰ:76/2019**

**ਹਾਜ਼ਰ:-**

1) ਸ਼ਿਕਾਇਤਕਰਤਾ ਵੱਲੋਂ ਸ਼੍ਰੀ ਜਗਜੀਤ ਸਿੰਘ (88376-88908)
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀਮਤੀ ਮਨਜੀਤ ਬੱਤਾ, ਸੀਨੀਅਰ ਸਹਾਇਕ (82838-33928)।

**ਹਕਮ:**

ਸ਼ਿਕਾਇਤਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 29-10-2018, ਲੋਕ ਸੂਚਨਾ ਅਧਿਕਾਰੀ ਦਫਤਰ ਡਾਇਰੈਕਟਰ, ਸਿੱਖਿਆ (ਕਾਲਿਜਾਂ) ਪੰਜਾਬ, ਸਿੱਖਿਆ ਭਵਨ, ਮੁਹਾਲੀ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਵੱਲੋਂ ਪ੍ਰਸੋਨਲ ਵਿਭਾਗ ਦੇ ਪੱਤਰਾਂ, ਮਿਤੀ 23-10-2000 ਅਤੇ 11-10-2014 ਤੇ ਕੀਤੀ ਗਈ ਕਾਰਵਾਈ ਨਾਲ ਸਬੰਧਤ 03 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 15-01-2019 ਨੂੰ ਕਮਿਸ਼ਨ ਕੋਲ ਸ਼ਿਕਾਇਤ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 07-02-2919 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 11-03-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਪੇਸ਼ੀ ਸਮੇਂ ਦੋਵੇਂ ਧਿਰਾਂ ਨੂੰ ਸੁਣਿਆ ਗਿਆ। ਸ਼ਿਕਾਇਤਕਰਤਾ ਨੇ ਕਿਹਾ ਹੈ ਕਿ ਉਸ ਨੂੰ ਅਜੇ ਤੱਕ ਸੂਚਨਾ ਪ੍ਰਾਪਤ ਨਹੀਂ ਹੋਈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀਮਤੀ ਮਨਜੀਤ ਬੱਤਾ, ਸੀਨੀਅਰ ਸਹਾਇਕ ਨੇ ਪੱਤਰ ਨੰ:775, ਮਿਤੀ 11-03-2019 ਪੇਸ਼ ਕਰਦੇ ਹੋਏ ਪੇਸ਼ੀ ਦੌਰਾਨ ਸ਼ਿਕਾਇਤਕਰਤਾ ਨੂੰ ਸੂਚਨਾ ਦਸਤੀ ਮੁਹੱਈਆ ਕਰਵਾ ਦਿੱਤੀ ਗਈ ਹੈ ਜਿਸ ਤੇ ਸ਼ਿਕਾਇਤਕਰਤਾ ਨੇ ਸੰਤੁਸ਼ਟੀ ਜ਼ਾਹਿਰ ਕੀਤੀ ਹੈ। ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ ਕੀਤਾ ਗਿਆ ਪੱਤਰ ਮਿਸਲ ਤੇ ਰੱਖ ਲਿਆ ਗਿਆ ਹੈ। ਇਸ ਕਰਕੇ ਇਸ ਕੇਸ ਵਿੱਚ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ। ਇਸ ਲਈ ਸ਼ਿਕਾਇਤਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਸ਼ਿਕਾਇਤ ਕੇਸ ਦਾਖਲ ਦਫ਼ਤਰ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**

**ਮਿਤੀ: ਚੰਡੀਗੜ੍ਹ**, 11 ਮਾਰਚ, 2019. **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਮਨਜੀਤ ਸਿੰਘ, (ਮੋਬ 84379-00252)
ਮਕਾਨ ਨ: 1435 ਗਲੀ ਨੰ: 6 ,
ਬਲਾਕ-ਏ ਗੁਰੂ ਨਾਨਕ ਕਲੋਨੀ ,
ਗਿੱਲ ਰੋਡ, ਲੁਧਿਆਣਾ। -------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਕਮਿਸ਼ਨਰ,
ਨਗਰ ਨਿਗਮ, ਜ਼ੋਨ-ਡੀ,
ਸਰਾਭਾ ਨਗਰ,
ਲੁੱਧਿਆਣਾ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਕਮਿਸ਼ਨਰ,
ਨਗਰ ਨਿਗਮ,
ਲੁੱਧਿਆਣਾ। ------ਉੱਤਰਦਾਤਾ

**ਅਪੀਲ ਕੇਸ ਨੰ 348/2019**

**ਹਾਜ਼ਰ:-**

1) ਸ਼੍ਰੀ ਮਨਜੀਤ ਸਿੰਘ,ਅਪੀਲਕਰਤਾ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਹਰਬੀਰ ਸਿੰਘ,ਐਸ.ਡੀ.ਓ.(86991-00033)।

**ਹਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 24-08-2018, ਲੋਕ ਸੂਚਨਾ ਅਧਿਕਾਰੀ ਦਫਤਰ ਕਮਿਸ਼ਨਰ, ਨਗਰ ਨਿਗਮ, ਜ਼ੋਨ-ਡੀ, ਲੁੱਧਿਆਣਾ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਵੱਲੋਂ ਆਪਣੀ ਸ਼ਿਕਾਇਤ ਮਿਤੀ 08-08-2018 ਅਤੇ 14-08-2018 ਨਾਲ ਸਬੰਧਤ 2 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 21-09-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 15-01-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 07-02-2919 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 11-03-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਪੇਸ਼ੀ ਸਮੇਂ ਦੋਵੇਂ ਧਿਰਾਂ ਨੂੰ ਸੁਣਿਆ ਗਿਆ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਹਰਬੀਰ ਸਿੰਘ, ਐਸ.ਡੀ.ਓ. ਨੇ ਕਿਹਾ ਹੈ ਕਿ ਉਨ੍ਹਾਂ ਵੱਲੋਂ ਆਪਣੇ ਪੱਤਰ ਮਿਤੀ 25-02-2019 ਰਾਹੀਂ, ਮਿਤੀ 06-03-2019 ਨੂੰ ਰਜਿਸਟਰਡ ਡਾਕ ਰਾਹੀਂ ਅਪੀਲਕਰਤਾ ਨੂੰ ਸੂਚਨਾ ਭੇਜੀ ਜਾ ਚੁੱਕੀ ਹੈ। ਅਪੀਲਕਰਤਾ ਨੇ ਕਿਹਾ ਹੈ ਕਿ ਉਸ ਨੂੰ ਅਜੇ ਤੱਕ ਮੰਗੀ ਗਈ ਸੂਚਨਾ ਪ੍ਰਾਪਤ ਨਹੀਂ ਹੋਈ। ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ੀ ਦੌਰਾਨ ਅਪੀਲਕਰਤਾ ਨੂੰ ਦਸਤੀ ਸੂਚਨਾ ਦੇ ਦਿੱਤੀ ਗਈ ਹੈ ਜਿਸ ਤੇ ਅਪੀਲਕਰਤਾ ਨੇ ਸੰਤੁਸ਼ਟੀ ਜ਼ਾਹਿਰ ਕੀਤੀ ਹੈ।

3. ਕਮਿਸ਼ਨ ਵੱਲੋ ਦਫ਼ਤਰੀ ਰਿਕਾਰਡ ਨੂੰ ਘੋਖਣ ਤੇ ਇਹ ਪਾਇਆ ਗਿਆ ਹੈ ਕਿ ਅਪੀਲਕਰਤਾ ਵੱਲੋਂ ਮਿਤੀ 24-08-2018 ਨੂੰ ਆਰ.ਟੀ.ਆਈ. ਅਰਜ਼ੀ ਦਾਇਰ ਕੀਤੀ ਗਈ ਸੀ ਪਰੰਤੂ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋ ਉਸ ਨੂੰ ਲਗਭੱਗ 06 ਮਹੀਨੇ ਬਾਅਦ ਸੂਚਨਾ ਦਿੱਤੀ ਜਾ ਰਹੀ ਹੈ ਜਦੋਂ ਕਿ ਸੂਚਨਾ ਦਾ ਅਧਿਕਾਰ

ਚਲਦਾ---ਪੰਨਾ/2

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**



**ਅਪੀਲ ਕੇਸ ਨੰ 348/2019**

ਐਕਟ, 2005 ਦੇ ਉਪਬੰਧਾਂ ਮੁਤਾਬਿਕ ਅਪੀਲਕਰਤਾ ਨੂੰ 30 ਦਿਨਾਂ ਤੇ ਅੰਦਰ-ਅੰਦਰ ਸੂਚਨਾ ਦੇਣੀ ਬਣਦੀ ਸੀ। ਇਸ ਤਰ੍ਹਾਂ ਕਰਕੇ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸੂਚਨਾ ਦਾ ਅਧਿਕਾਰ ਐਕਟ, 2005 ਦੀ ਘੋਰ ਉਲੰਘਣਾ ਕੀਤੀ ਗਈ ਹੈ, ਜਿਸ ਦੇ ਫਲਸਰੂਪ ਅਪੀਲਕਰਤਾ ਨੂੰ ਮਾਨਸਿਕ ਅਤੇ ਆਰਥਿਕ ਪ੍ਰੇਸ਼ਾਨੀ ਦਾ ਸਾਹਮਣਾ ਕਰਨਾ ਪਿਆ ਹੈ। ਇਸ ਲਈ ਹਾਜ਼ਰ ਉੱਤਰਦਾਤਾ ਨੂੰ ਸੂਚਨਾ ਦਾ ਅਧਿਕਾਰ ਐਕਟ, 2005 ਦੀ ਧਾਰਾ 19(8)(ਅ) ਤਹਿਤ ਹਦਾਇਤ ਕੀਤੀ ਗਈ ਕਿ ਸਰਕਾਰੀ ਖਜ਼ਾਨੇ ਵਿੱਚੋਂ ਮੁਆਵਜ਼ੇ ਵਜੋਂ 3000/-ਰੁਪਏ (ਕੇਵਲ ਤਿੰਨ ਹਜ਼ਾਰ ਰੁਪਏ) ਦੀ ਰਾਸ਼ੀ ਦੀ ਅਪੀਲਕਰਤਾ ਨੂੰ ਬੈਂਕ ਡਰਾਫ਼ਟ ਰਾਹੀਂ ਅਦਾਇਗੀ ਕੀਤੀ ਜਾਵੇ। ਹਾਜ਼ਰ ਉੱਤਰਦਾਤਾ ਵੱਲੋਂ ਮੁਆਵਜ਼ੇ ਦੀ ਰਕਮ 3000/-ਰੁਪਏ (ਕੇਵਲ ਤਿੰਨ ਹਜ਼ਾਰ ਰੁਪਏ) ਦੀ ਅਦਾਇਗੀ ਆਪਣੀ ਜੇਬ ਵਿੱਚੋਂ ਨਕਦ ਅਪੀਲਕਰਤਾ ਨੂੰ ਕਰ ਦਿੱਤੀ ਗਈ ਹੈ। ਇਸ ਲਈ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਹਾਜ਼ਰ ਉੱਤਰਦਾਤਾ ਸ਼੍ਰੀ ਹਰਬੀਰ ਸਿੰਘ, ਐਸ.ਡੀ.ਓ. ਵੱਲੋਂ ਅਪੀਲਕਰਤਾ ਨੂੰ ਮੁਆਵਜ਼ੇ ਵਜੋਂ 3000/-ਰੁਪਏ (ਕੇਵਲ ਤਿੰਨ ਹਜ਼ਾਰ ਰੁਪਏ) ਦੀ ਕੀਤੀ ਗਈ ਅਦਾਇਗੀ ਦੀ ਪ੍ਰਤੀਪੂਰਤੀ ਉਸ ਨੂੰ ਸਰਕਾਰੀ ਖਜ਼ਾਨੇ ਵਿੱਚੋਂ ਬੈਂਕ ਡਰਾਫਟ ਰਾਹੀਂ ਕਰ ਦਿੱਤੀ ਜਾਵੇ।

4. ਉਪਰੋਕਤ ਦਰਸਾਈ ਗਈ ਸਥਿਤੀ ਦੇ ਸਨਮੁੱਖ ਇਸ ਕੇਸ ਵਿੱਚ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ। ਇਸ ਲਈ ਅਪੀਲਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਅਪੀਲ ਕੇਸ ਦਾਖਲ ਦਫ਼ਤਰ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
ਰਾਜ ਸੂਚਨਾ ਕਮਿਸ਼ਨਰ, ਪੰਜਾਬ।

ਮਿਤੀ: ਚੰਡੀਗੜ੍ਹ, 11 ਮਾਰਚ, 2019.

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਭਗਵੰਤ ਸਿੰਘ, (ਮੋਬ 94634-30430)
ਪੁੱਤਰ ਸ਼੍ਰੀ ਚਰਨ ਸਿੰਘ,
ਵਾਸੀ ਪਿੰਡ ਵਾਹਗੇਵਾਲਾ,
ਡਾਕਖਾਨਾ ਖਾਈ ਫੇਮੇ ਕੀ ਤਹਿਸੀਲ,
ਜ਼ਿਲ੍ਹਾ ਫਿਰੋਜ਼ਪੁਰ। ------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਬਟਾਲੀਅਨ ਕਮਾਂਡਰ,
ਨੰ:5 ਬੀ.ਐਨ., ਪੰਜਾਬ ਹੋਮ ਗਾਰਡਜ਼,
ਫਿਰੋਜ਼ਪੁਰ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਡਿਵੀਜਨਲ ਕਮਾਂਡੈਂਟ,
ਪੰਜਾਬ ਹੋਮ ਗਾਰਡਜ਼,
ਫਿਰੋਜ਼ਪੁਰ ਡਿਵੀਜਨ, ਫਿਰੋਜ਼ਪੁਰ। ------ਉੱਤਰਦਾਤਾ

**ਅਪੀਲ ਕੇਸ ਨੰ:369/2019**

**ਹਾਜ਼ਰ:-**

1) ਸ਼੍ਰੀ ਭਗਵੰਤ ਸਿੰਘ, ਅਪੀਲਕਰਤਾ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਰੇਸ਼ਮ ਸਿੰਘ, ਕਲਰਕ(94633-34270)।

**ਹਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 04-10-2018, ਲੋਕ ਸੂਚਨਾ ਅਧਿਕਾਰੀ ਦਫਤਰ ਬਟਾਲੀਅਨ ਕਮਾਂਡਰ, ਨੰ:5 ਬੀ.ਐਨ., ਪੰਜਾਬ ਹੋਮ ਗਾਰਡਜ਼, ਫਿਰੋਜ਼ਪੁਰ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਵੱਲੋਂ ਹਰ ਵਲੰਟੀਅਰ ਲਈ 8 ਘੰਟੇ ਡਿਊਟੀ ਲੈਣ ਬਾਰੇ ਡਿਪਟੀ ਕਮਾਂਡੈਂਟ ਜਨਰਲ, ਪੰਜਾਬ ਹੋਮ ਗਾਰਡਜ਼ ਅਤੇ ਡਾਇਰੈਕਟਰ, ਸਿਵਲ ਡਿਫੈਂਸ ਦੇ ਹੁਕਮ, ਮਿਤੀ 30-01-2015 ਨਾਲ ਸਬੰਧਤ 2 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 21-11-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 15-01-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 07-02-2919 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 11-03-2019 ਨੂੰ ਸਵੇਰੇ 11:30 ਵਜੇ ਲਈ ਨਿਸ਼ਚਿਤ ਕੀਤਾ ਗਿਆ ਸੀ।

2. ਅੱਜ ਪੇਸ਼ੀ ਸਮੇਂ ਦੋਵੇਂ ਧਿਰਾਂ ਨੂੰ ਸੁਣਿਆ ਗਿਆ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਰੇਸ਼ਮ ਸਿੰਘ, ਕਲਰਕ ਨੇ ਕਿਹਾ ਹੈ ਕਿ ਉਨ੍ਹਾਂ ਵੱਲੋਂ ਆਪਣੇ ਪੱਤਰ ਮਿਤੀ 08-10-2018 ਅਤੇ 03-12-2018 ਅਤੇ ਮਿਤੀ 21-02-2019 ਰਾਹੀਂ ਪਹਿਲਾਂ ਹੀ ਰਜਿਸਟਰਡ ਡਾਕ ਰਾਹੀਂ ਅਪੀਲਕਰਤਾ ਨੂੰ ਸੂਚਨਾ ਭੇਜੀ ਜਾ ਚੁੱਕੀ ਹੈ। ਅਪੀਲਕਰਤਾ ਨੇ ਕਿਹਾ ਹੈ ਕਿ ਉਸ ਨੂੰ ਅਜੇ ਤੱਕ ਮੰਗੀ ਗਈ ਸੂਚਨਾ ਪ੍ਰਾਪਤ ਨਹੀਂ ਹੋਈ। ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ੀ ਦੌਰਾਨ ਅਪੀਲਕਰਤਾ ਨੂੰ ਦਸਤੀ ਸੂਚਨਾ ਵੀ ਦੇ ਦਿੱਤੀ ਗਈ ਹੈ ਜਿਸ ਤੇ ਅਪੀਲਕਰਤਾ ਨੇ ਸੰਤੁਸ਼ਟੀ ਜ਼ਾਹਿਰ ਕੀਤੀ ਹੈ। ਇਸ ਕਰਕੇ ਇਸ ਕੇਸ ਵਿੱਚ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ। ਇਸ ਲਈ ਅਪੀਲਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਅਪੀਲ ਕੇਸ ਦਾਖਲ ਦਫ਼ਤਰ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
**ਮਿਤੀ: ਚੰਡੀਗੜ੍ਹ**, 11 **ਮਾਰਚ**, 2019. **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਅਮੀਰ ਚੰਦ ਸ਼ਾਹਪੁਰੀ,
ਮਕਾਨ ਨੰ: 589, ਗਲੀ ਨੰ: 2,
ਰਾਮ ਵਿਹਾਰ, ਡਾਕਖਾਨਾ ਬਸਤੀ ਜੋਧੇਵਾਲ,
ਰਾਹੋਂ ਰੋਡ, ਲੁਧਿਆਣਾ। ------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਉਪ ਸਕੱਤਰ, ਟਰਾਂਸਪੋਰਟ ਵਿਭਾਗ, ਪੰਜਾਬ,
ਸਰਕਾਰ, ਚੰਡੀਗੜ੍ਹ।

ਪਹਿਲੀ ਅਪੀਲੀ ਅਥਾਰਟੀ-ਕਮ-
ਪ੍ਰਮੁੱਖ ਸਕੱਤਰ, ਟਰਾਂਸਪੋਰਟ ਵਿਭਾਗ, ਪੰਜਾਬ,
ਸਰਕਾਰ, ਚੰਡੀਗੜ੍ਹ। ------ਉੱਤਰਦਾਤਾ

**ਅਪੀਲ ਕੇਸ ਨੰ 385/2019**

**ਹਾਜ਼ਰ:-**

1) ਸ਼੍ਰੀ ਅਮੀਰ ਚੰਦ ਸ਼ਾਹਪੁਰੀ, ਅਪੀਲਕਰਤਾ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਗਗਨਦੀਪ ਸਿੰਘ, ਸਹਾਇਕ ਲੋਕ ਸੂਚਨਾ ਅਧਿਕਾਰੀ (96467-00015) ਅਤੇ ਸ਼੍ਰੀ ਗੁਰਪਾਲ ਸਿੰਘ, ਸਹਾਇਕ ਲੋਕ ਸੂਚਨਾ ਅਧਿਕਾਰੀ 99885-74550)।

**ਹਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 20-09-2018, ਲੋਕ ਸੂਚਨਾ ਅਧਿਕਾਰੀ ਦਫਤਰ ਉਪ ਸਕੱਤਰ, ਟਰਾਂਸਪੋਰਟ ਵਿਭਾਗ, ਪੰਜਾਬ, ਸਰਕਾਰ, ਚੰਡੀਗੜ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਵੱਲੋਂ ਆਪਣੀ ਪ੍ਰਤੀ ਬੇਨਤੀ, ਮਿਤੀ 05-06-2018 ਤੇ ਕੀਤੀ ਗਈ ਕਾਰਵਾਈ ਬਾਰੇ ਸੂਚਨਾ ਦੀ ਮੰਗ ਕੀਤੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 22-11-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 16-01-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 07-02-2919 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 11-03-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਪੇਸ਼ੀ ਸਮੇਂ ਦੋਵੇਂ ਧਿਰਾਂ ਨੂੰ ਸੁਣਿਆ ਗਿਆ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਗਗਨਦੀਪ ਸਿੰਘ, ਸਹਾਇਕ ਲੋਕ ਸੂਚਨਾ ਅਧਿਕਾਰੀ ਨੇ ਕਿਹਾ ਹੈ ਕਿ ਉਨ੍ਹਾਂ ਵੱਲੋਂ ਆਪਣੇ ਪੱਤਰ ਮਿਤੀ 09-10-2018 ਅਤੇ 30-11-2018 ਅਤੇ ਮਿਤੀ 05-03-2019 ਰਾਹੀਂ ਪਹਿਲਾਂ ਹੀ ਰਜਿਸਟਰਡ ਡਾਕ ਰਾਹੀਂ ਅਪੀਲਕਰਤਾ ਨੂੰ ਸੂਚਨਾ ਭੇਜੀ ਜਾ ਚੁੱਕੀ ਹੈ। ਅਪੀਲਕਰਤਾ ਨੇ ਕਿਹਾ ਹੈ ਕਿ ਉਸ ਨੂੰ ਅਜੇ ਤੱਕ ਮੰਗੀ ਗਈ ਸੂਚਨਾ ਪ੍ਰਾਪਤ ਨਹੀਂ ਹੋਈ। ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ੀ ਦੌਰਾਨ ਅਪੀਲਕਰਤਾ ਨੂੰ ਸੂਚਨਾ ਦਸਤੀ ਵੀ ਦੇ ਦਿੱਤੀ ਗਈ ਹੈ ਜਿਸ ਤੇ ਅਪੀਲਕਰਤਾ ਨੇ ਸੰਤੁਸ਼ਟੀ ਜ਼ਾਹਿਰ ਕੀਤੀ ਹੈ। ਇਸ ਕਰਕੇ ਇਸ ਕੇਸ ਵਿੱਚ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ। ਇਸ ਲਈ ਅਪੀਲਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਅਪੀਲ ਕੇਸ ਦਾਖਲ ਦਫ਼ਤਰ** ਕੀਤਾ ਜਾਂਦਾ ਹੈ।

(ਨਿਧੜਕ ਸਿੰਘ ਬਰਾੜ)

**ਮਿਤੀ: ਚੰਡੀਗੜ੍ਹ, 11 ਮਾਰਚ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**